**ਸਾਰਗ ਮਹਲਾ ੪ ॥ ਜਪਿ ਮਨ ਸਿਰੀ ਰਾਮੁ ॥ ਰਾਮ ਰਮਤ ਰਾ ਮੁ ॥ ਸਤਿ ਸਤਿ ਰਾਮੁ ॥ ਬੋਲਹੁ ਭਈਆ ਸਦ ਰਾਮ ਰਾਮੁ ਰਾਮੁ ਰਵਿ ਰਹਿਆ ਸਰਬਗੇ ॥ ੧॥ ਰਹਾਉ ॥ ਰਾਮੁ ਆਪੇ ਆਪਿ ਆਪੇ ਸਭੁ ਕਰਤਾ ਰਾਮੁ ਆਪੇ ਆਪਿ ਆਪਿ ਸਭਤੁ ਜਗੇ ॥ ਜਿਸੁ ਆਪਿ ਕ੍ਰਿਪਾ ਕਰੇ ਮੇਰਾ ਰਾਮ ਰਾਮ ਰਾਮ ਰਾਇ ਸੋ ਜਨੁ ਰਾਮ ਨਾਮ ਲਿਵ ਲਾਗੇ ॥ ੧॥ ਰਾਮ ਨਾਮ ਕੀ ਉਪਮਾ ਦੇਖਹੁ ਹਰਿ ਸੰਤਹੁ ਜੋ ਭਗਤ ਜਨਾਂ ਕੀ ਪਤਿ ਰਾਖੈ ਵਿਚਿ ਕਲਿਜੁਗ ਅਗੇ ॥ ਜਨ ਨਾਨਕ ਕਾ ਅੰਗੁ ਕੀਆ ਮੇਰੈ ਰਾਮ ਰਾਇ ਦੁਸਮਨ ਦੂਖ ਗਏ ਸਭਿ ਭਗੇ ॥੨॥੬॥੧੩॥** {ਪੰਨਾ 1202}

ਪਦਅਰਥ:- ਮਨ—ਹੇ ਮਨ! ਰਮਤ—ਵਿਆਪਕ, ਹਰ ਥਾਂ ਮੌਜੂਦ। ਸਤਿ—ਸਦਾ ਕਾਇਮ ਰਹਿਣ ਵਾਲਾ। ਭਈਆ—ਹੇ ਭਾਈ! ਸਦ—ਸਦਾ। ਰਵਿ ਰਹਿਆ—ਵਿਆਪਕ ਹੈ। ਸਰਬਗੇ—{svL<} ਸਭ ਕੁਝ ਜਾਣਨ ਵਾਲਾ।1। ਰਹਾਉ।

ਆਪੇ—ਆਪ ਹੀ। ਕਰਤਾ—ਕਰਨ ਵਾਲਾ। ਸਭਤੁ—ਸਭ ਥਾਈਂ। ਜਗੇ—ਜਗਤ ਵਿਚ। ਰਾਮ ਰਾਇ—ਰਾਮ ਰਾਜਾ, ਪ੍ਰਭੂ ਪਾਤਿਸ਼ਾਹ। ਲਿਵ—ਲਗਨ।1।

ਉਪਮਾ—ਵਡਿਆਈ। ਪਤਿ—ਇੱਜ਼ਤ। ਕਲਿਜੁਗ—ਵਿਕਾਰਾਂ-ਭਰਿਆ ਜਗਤ। ਅਗੇ—ਅੱਗ ਵਿਚ, ਵਿਕਾਰਾਂ ਦੀ ਅੱਗ ਵਿਚ। ਅੰਗੁ—ਪੱਖ। ਮੇਰੈ ਰਾਮ ਰਾਇ—ਮੇਰੇ ਪ੍ਰਭੂ ਪਾਤਿਸ਼ਾਹ ਨੇ। ਸਭਿ—ਸਾਰੇ। ਗਏ ਭਗੇ—ਭੱਜ ਗਏ, ਭੱਜ ਜਾਂਦੇ ਹਨ।2।

ਅਰਥ:- ਹੇ (ਮੇਰੇ) ਮਨ! ਸ੍ਰੀ ਰਾਮ (ਦਾ ਨਾਮ) ਜਪਿਆ ਕਰ, (ਉਸ ਰਾਮ ਦਾ) ਜਿਹੜਾ ਸਭ ਥਾਈਂ ਵਿਆਪਕ ਹੈ, ਜਿਹੜਾ ਸਦਾ ਹੀ ਸਦਾ ਹੀ ਕਾਇਮ ਰਹਿਣ ਵਾਲਾ ਹੈ। ਹੇ ਭਾਈ! ਸਦਾ ਰਾਮ ਦਾ ਨਾਮ ਬੋਲਿਆ ਕਰੋ, ਉਹ ਸਭ ਥਾਵਾਂ ਵਿਚ ਮੌਜੂਦ ਹੈ, ਉਹ ਸਭ ਕੁਝ ਜਾਣਨ ਵਾਲਾ ਹੈ।1। ਰਹਾਉ।

ਹੇ ਭਾਈ! ਉਹ ਰਾਮ (ਸਭ ਥਾਈਂ) ਆਪ ਹੀ ਆਪ ਹੈ, ਆਪ ਹੀ ਸਭ ਕੁਝ ਪੈਦਾ ਕਰਨ ਵਾਲਾ ਹੈ, ਜਗਤ ਵਿਚ ਸਭਨੀਂ ਥਾਈਂ ਆਪ ਹੀ ਆਪ ਮੌਜੂਦ ਹੈ। ਹੇ ਭਾਈ! ਜਿਸ ਮਨੁੱਖ ਉਤੇ ਉਹ ਮੇਰਾ ਪਿਆਰਾ ਰਾਮ ਮਿਹਰ ਕਰਦਾ ਹੈ, ਉਹ ਮਨੁੱਖ ਰਾਮ ਦੇ ਨਾਮ ਦੀ ਲਗਨ ਵਿਚ ਜੁੜਦਾ ਹੈ।1।

ਹੇ ਸੰਤ ਜਨੋ! ਉਸ ਪਰਮਾਤਮਾ ਦੇ ਨਾਮ ਦੀ ਵਡਿਆਈ ਵੇਖੋ, ਜਿਹੜਾ ਇਸ ਵਿਕਾਰਾਂ-ਭਰੇ ਜਗਤ ਦੀ ਵਿਕਾਰਾਂ ਦੀ ਅੱਗ ਵਿਚ ਆਪਣੇ ਭਗਤਾਂ ਦੀ ਆਪ ਇੱਜ਼ਤ ਰੱਖਦਾ ਹੈ। ਹੇ ਨਾਨਕ! (ਆਖ—ਹੇ ਭਾਈ!) ਮੇਰੇ ਪ੍ਰਭੂ-ਪਾਤਿਸ਼ਾਹ ਨੇ (ਆਪਣੇ ਜਿਸ) ਸੇਵਕ ਦਾ ਪੱਖ ਕੀਤਾ, ਉਸ ਦੇ ਸਾਰੇ ਵੈਰੀ ਉਸ ਦੇ ਸਾਰੇ ਦੁੱਖ ਦੂਰ ਹੋ ਗਏ।2।6।13।